# ਦਫ਼ਤਰ ਜਿਲ੍ਹਾ ਮੈਜਿਸਟਰੇਟ, ਬਰਨਾਲਾ

(ਐਮ.ਏ. ਸ਼ਾਖਾ)

**ਫੌਜਦਾਰੀ ਜਾਬਤਾ ਸੰਘਤਾ 1973 (1974 ਦਾ ਐਕਟ ਨੰ: 2) ਦੀ ਧਾਰਾ 144 ਅਧੀਨ ਹੁਕਮ ਜਿਲ੍ਹਾ ਬਰਨਾਲਾ**

**ਹੁਕਮ ਨੰ:...229.../ਐਮ.ਏ.** **ਮਿਤੀ...24/04../2019**

**ਹੁਕਮ**

ਮੇਰੇ ਧਿਆਨ ਵਿੱਚ ਆਇਆ ਹੈ ਕਿ ਪੋਲਟਰੀ ਫਾਰਮਾਂ/ਰਾਇਸ ਸੈਲਰਾਂ/ਭੱਠਿਆਂ ਅਤੇ ਹੋਰ ਸਮਾਲ ਸਕੇਲ ਇੰਡਸਟਰੀਜ ਵਿੱਚ ਜਿਆਦਾਤਰ ਦੂਸਰੇ ਸੂਬਿਆਂ ਤੋਂ ਆਉਣ ਵਾਲੇ ਮਜਦੂਰਾਂ ਨੂੰ ਲੇਬਰ ਵਜੋਂ ਰੱਖਿਆ ਜਾਂਦਾ ਹੈ ਅਤੇ ਇਸਤੋਂ ਇਲਾਵਾ ਲੋਕ ਬਾਹਰਲੇ ਸੂਬਿਆਂ ਤੋਂ ਆਕੇ ਵੱਖ-ਵੱਖ ਏਰੀਆ ਵਿੱਚ ਕਿਰਾਏ ਦੇ ਮਕਾਨਾਂ ਵਿੱਚ ਰਹਿਣ ਲੱਗ ਜਾਂਦੇ ਹਨ। ਅਜਿਹੀ ਲੇਬਰ ਅਤੇ ਕਿਰਾਏਦਾਰਾਂ ਦਾ ਕੋਈ ਸਥਾਈ ਪਤਾ/ਰਿਕਾਰਡ ਨਹੀਂ ਰੱਖਿਆ ਜਾਂਦਾ, ਜਿਸ ਨਾਲ ਜੁਰਮ ਹੋਣ ਤੇ ਦੋਸ਼ੀਆਂ ਨੂੰ ਲੱਭਣਾ ਔਖਾ ਹੋ ਜਾਂਦਾ ਹੈ।

ਇਸ ਲਈ ਮੈਂ, **ਤੇਜ ਪ੍ਰਤਾਪ ਸਿੰਘ ਫੂਲਕਾ, ਆਈ.ਏ.ਐਸ, ਜਿਲ੍ਹਾ ਮੈਜਿਸਟਰੇਟ, ਬਰਨਾਲਾ** ਜਾਬਤਾ ਫੌਜਦਾਰੀ ਸੰਘਤਾ 1973 (1974 ਦਾ ਐਕਟ ਨੰਬਰ 2) ਦੀ ਧਾਰਾ 144 ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਾ ਹੋਇਆ ਜਿਲ੍ਹਾ ਬਰਨਾਲਾ ਦੇ ਪੋਲਟਰੀ ਫਾਰਮਾਂ/ਰਾਇਸ ਸੈਲਰਾਂ/ਭੱਠਿਆਂ ਅਤੇ ਹੋਰ ਸਮਾਲ ਸਕੇਲ ਇੰਡਸਟਰੀਜ ਦੇ ਮਾਲਕਾਂ ਦੇ ਨਾਲ-ਨਾਲ ਘਰੇਲੂ ਨੌਕਰ ਰੱਖਣ ਵਾਲਿਆਂ ਦੇ ਨਾਮ ਇਹ ਹੁਕਮ ਜਾਰੀ ਕਰਦਾ ਹਾਂ ਕਿ ਉਹ ਆਪਣੇ ਅਧੀਨ ਕੰਮ ਕਰਨ ਵਾਲੇ ਵਿਅਕਤੀਆਂ ਦਾ ਨਾਮ, ਪੂਰਾ ਪਤਾ, ਤਿੰਨ ਫੋਟੋਆਂ (ਸੱਜੇ, ਖੱਬੇ ਅਤੇ ਸਾਹਮਣੇ ਤੋ ਪੋਜ) ਆਪਣੇ ਘਰਾਂ ਵਿੱਚ ਰਜਿਸਟਰ ਲਾ ਕੇ ਰੱਖਣ ਅਤੇ ਉਨ੍ਹਾਂ ਦੀਆਂ ਸਾਰੀਆਂ ਰਿਸ਼ਤੇਦਾਰੀਆਂ ਦੇ ਐਡਰੇਸ ਲਿਖ ਕੇ ਰੱਖੇ ਜਾਣ ਅਤੇ ਨੌਕਰ ਦੀ ਤਨਖਾਹ ਵਿਚੋਂ 100/200 ਰੁਪਏ ਦਾ ਮਨੀ ਆਰਡਰ ਉਸਦੇ ਨਜਦੀਕੀ ਰਿਸ਼ਤੇਦਾਰ ਦੇ ਐਡਰੈਸ ਤੇ ਭੇਜਣ, ਮਨੀ ਆਰਡਰ ਪਹੁੰਚਣ ਉਪਰੰਤ ਰਸੀਦ ਦੀ ਫੋਟੋ ਕਾਪੀ ਨੂੰ ਆਪਣੇ ਕਬਜੇ ਵਿੱਚ ਰੱਖਣ। ਨੌਕਰ ਦੇ ਫਿੰਗਰ ਪ੍ਰਿੰਟ ਮਾਲਕ ਆਪਣੇ ਰਜਿਸਟਰ ਵਿੱਚ ਲਾ ਕੇ ਰੱਖਣ ਅਤੇ ਇਹ ਸਾਰਾ ਰਿਕਾਰਡ ਇਲਾਕੇ ਦੇ ਥਾਣੇ ਜਾਂ ਪੁਲਿਸ ਚੌਕੀ ਵਿੱਚ ਵੀ ਤੁਰੰਤ ਦਰਜ ਕਰਵਾਉਣ। ਇਸੇ ਤਰ੍ਹਾਂ ਮਕਾਨ ਮਾਲਕ ਵੀ ਆਪਣੇ ਮਕਾਨ ਵਿਚ ਰੱਖੇ ਜਾਣ ਵਾਲੇ ਕਿਰਾਏਦਾਰਾਂ ਦਾ ਪੂਰਾ ਵੇਰਵਾ ਸਬੰਧਤ ਥਾਣੇ/ਪੁਲਿਸ ਚੌਂਕੀ ਵਿਚ ਦਰਜ ਕਰਵਾਉਣ।

ਮਾਮਲੇ ਦੀ ਤੱਤਪਰਤਾ ਨੂੰ ਮੁੱਖ ਰੱਖਦੇ ਹੋਏ ਇਹ ਹੁਕਮ ਇੱਕ ਤਰਫਾ ਪਾਸ ਕੀਤਾ ਜਾਂਦਾ ਹੈ। ਆਮ ਜਨਤਾ ਨੂੰ ਸਬੋਧਨ ਕਰਨ ਹਿੱਤ ਇਹ ਹੁਕਮ ਜਿਲ੍ਹਾ ਲੋਕ ਸੰਪਰਕ ਅਫ਼ਸਰ, ਬਰਨਾਲਾ ਵੱਲੋ ਮੁਨਾਦੀ ਕਰਵਾਕੇ ਲਾਗੂ ਕੀਤਾ ਜਾਵੇ ਅਤੇ ਹੁਕਮ ਦੀਆਂ ਕਾਪੀਆਂ ਸਦਰ ਮੁਕਾਮਾਂ, ਉਪ ਮੰਡਲ ਮੈਜਿਟਰੇਟ, ਤਹਿਸੀਲਦਾਰਾਂ, ਬਲਾਕ ਵਿਕਾਸ ਤੇ ਪੰਚਾਇਤ ਅਫਸਰਾਂ, ਮਾਰਕਿਟ ਕਮੇਟੀ, ਪੁਲਿਸ ਸਟੇਸ਼ਨ ਅਤੇ ਨਗਰ ਕੌਸਲ ਦੇ ਨੋਟਿਸ ਬੋਰਡਾਂ ਅਤੇ ਜਿਲ੍ਹਾ ਬਰਨਾਲਾ ਦੀਆ ਉਘੀਆਂ ਥਾਵਾਂ ਤੇ ਆਮ ਪਬਲਿਕ ਦੀ ਜਾਣਕਾਰੀ ਲਈ ਲਗਾਈਆਂ ਜਾਣ।

**ਇਹ ਹੁਕਮ ਮੇਰੇ ਹਸਤਾਖਰਾਂ ਅਤੇ ਅਦਾਲਤੀ ਮੋਹਰ ਨਾਲ ਜਾਰੀ ਹੋਇਆ, ਜੋ ਮਿਤੀ: 26/04/2019 ਤੋਂ ਲੈਕੇ ਮਿਤੀ: 25/06/2019 ਤੱਕ ਜਿਲ੍ਹਾ ਬਰਨਾਲਾ ਅੰਦਰ ਲਾਗੂ ਰਹੇਗਾ।**

ਜਿਲ੍ਹਾ ਮੈਜਿਸਟਰੇਟ
ਬਰਨਾਲਾ

**ਤੇਜ ਪ੍ਰਤਾਪ ਸਿੰਘ ਫੂਲਕਾ**, ਆਈ.ਏ.ਐਸ.
**ਜਿਲ੍ਹਾ ਮੈਜਿਸਟਰੇਟ, ਬਰਨਾਲਾ।**

**ਪਿੱਠ ਅੰਕਣ ਨੰ:5906-5960/ਐਮ.ਏ** **ਮਿਤੀ:25/04/2019**

**ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਪਾਸ ਸੂਚਨਾ/ਲੋੜੀਂਦੀ ਕਾਰਵਾਈ ਲਈ ਭੇਜਿਆ ਜਾਂਦਾ ਹੈ:-**

1) ਮੁੱਖ ਸਕੱਤਰ, ਪੰਜਾਬ ਸਰਕਾਰ, ਚੰਡੀਗੜ੍ਹ।
2) ਪ੍ਰਿੰਸੀਪਲ ਸਕੱਤਰ, ਗ੍ਰਹਿ ਮਾਮਲੇ ਤੇ ਨਿਆਂ ਵਿਭਾਗ, ਪੰਜਾਬ ਚੰਡੀਗੜ੍ਹ।
3) ਡਾਇਰੈਕਟਰ, ਜਨਰਲ ਆਫ ਪੁਲਿਸ, ਪੰਜਾਬ, ਚੰਡੀਗੜ੍ਹ।
4) ਕਮਿਸ਼ਨਰ ਪਟਿਆਲਾ ਮੰਡਲ, ਪਟਿਆਲਾ।
5) ਡੀ.ਆਈ.ਜੀ ਪਟਿਆਲਾ, ਰੇਜ ਪਟਿਆਲਾ।
6) ਜਿਲ੍ਹਾ ਮੈਜਿਸਟਰੇਟ ਫਰੀਦਕੋਟ/ਫਿਰੋਜਪੁਰ/ਲੁਧਿਆਣਾ/ਜਲੰਧਰ/ਅੰਮ੍ਰਿਤਸਰ/ਕਪੂਰਥਲਾ/ਹੁਸ਼ਿਆਰਪੁਰ/ਪਟਿਆਲਾ/ਮਾਨਸਾ/ਮੁਕਤਸਰ/ਮੋਗਾ/ਸ਼ਹੀਦ ਭਗਤ ਸਿੰਘ ਨਗਰ (ਨਵਾਂ ਸਹਿਰ) /ਫਤਿਹਗੜ ਸਾਹਿਬ/ ਸੰਗਰੂਰ/ ਗੁਰਦਾਸਪੁਰ/ਫਾਜਿਲਕਾ/ਪਠਾਨਕੋਟ/ਅਜੀਤਗੜ੍ਹ(ਐਸ.ਏ.ਐਸ.ਨਗਰ-ਮੋਹਾਲੀ)/ਰੂਪਨਗਰ/ਬਠਿੰਡਾ/ਤਰਨਤਾਰਨ।
7) ਜਿਲ੍ਹਾ ਅਤੇ ਸ਼ੈਸ਼ਨ ਜੱਜ, ਬਰਨਾਲਾ
8) ਸੀਨੀਅਰ ਕਪਤਾਨ ਪੁਲਿਸ, ਬਰਨਾਲਾ।
9) ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਬਰਨਾਲਾ।
10) ਉਪ ਮੰਡਲ ਮੈਜਿਸਟਰੇਟ, ਬਰਨਾਲਾ/ਤਪਾ।
11) ਜਿਲ੍ਹਾ ਅਟਾਰਨੀ (ਲੀਗਲ), ਬਰਨਾਲਾ।
12) ਜਿਲ੍ਹਾ ਸਿੱਖਿਆ ਅਫ਼ਸਰ (ਸੈਕੰ/ਐਲੀ),ਬਰਨਾਲਾ।
13) ਜਿਲ੍ਹਾ ਮਾਲ ਅਫ਼ਸਰ, ਬਰਨਾਲਾ/ਡੀ.ਡੀ.ਪੀ.ਓ. ਬਰਨਾਲਾ
14) ਤਹਿਸੀਲਦਾਰ ਬਰਨਾਲਾ/ਤਪਾ, ਨਾਇਬ ਤਹਿਸੀਲਦਾਰ ਬਰਨਾਲਾ/ਤਪਾ/ਭਦੌੜ/ਧਨੌਲਾ/ਮਹਿਲਕਲਾਂ
15) ਕਾਰਜ ਸਾਧਕ ਅਫਸਰ, ਨਗਰ ਕੌਂਸਲ ਬਰਨਾਲਾ/ਧਨੌਲਾ/ਭਦੌੜ/ਤਪਾ ਅਤੇ ਨਗਰ ਪੰਚਾਇਤ ਹੰਡਿਆਇਆ।
16) ਬੀ.ਡੀ.ਪੀ.ਓ, ਬਰਨਾਲਾ/ਮਹਿਲਕਲਾਂ/ਸ਼ਹਿਣਾ ਪਾਸ ਸੂਚਨਾ ਅਤੇ ਲੋੜੀਂਦੀ ਕਾਰਵਾਈ ਹਿੱਤ।
17) ਜਿਲ੍ਹਾ ਲੋਕ ਸੰਪਰਕ ਅਫਸਰ, ਬਰਨਾਲਾ ਪਾਸ ਭੇਜ ਕੇ ਹਦਾਇਤ ਕੀਤੀ ਜਾਂਦੀ ਹੈ ਕਿ ਇਸ ਸਬੰਧੀ ਪ੍ਰੈਸ ਨੋਟ ਜਾਰੀ ਕੀਤਾ ਜਾਵੇ ਅਤੇ ਪ੍ਰਚਾਰ ਮੁਨਾਦੀ ਕਰਕੇ ਰਿਪੋਰਟ ਭੇਜਣਗੇ।
18) ਪੀ.ਏ.ਟੂ ਡੀ.ਐਮ./ਸਟੈਨੋ ਟੂ ਏ.ਡੀ.ਐਮ/ਸ.ਕ.(ਜ/ਸ਼ਿਕ) ਬਰਨਾਲਾ ਪਾਸ ਅਫ਼ਸਰ ਸਹਿਬਾਨ ਦੀ ਜਾਣਕਾਰੀ ਹਿੱਤ।

**ਵਾ: ਜਿਲ੍ਹਾ ਮੈਜਿਸਟਰੇਟ**
**ਬਰਨਾਲਾ।**